**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਬਿੱਟੂ,
ਮਕਾਨ ਨੰ4697 , ਮੁੰਦਿਆਂ ਕਲਾ,
ਨੇੜੇ ਗੁਰੂ ਨਾਨਕ ਕੇਬਲ, ਚੰਡੀਗੜ੍ਹ ਰੋੜ, ਲੁਧਿਆਣਾ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਸੈਂਟਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ ਕਮ ਡਾਇਰੈਕਟਰ ਆਫ ਇੰਡਸਟਰੀਸ ਅਤੇ ਕਮਰਸ,
ਪੰਜਾਬ, ਚੰਡੀਗੜ। ------**ਉੱਤਰਦਾਤਾ**

<u>ਅਪੀਲ ਕੇਸ ਨੰ 3121/2019</u>

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ **(ਲੋਕ ਸੂਚਨਾ ਅਧਿਕਾਰੀ)** ਵੱਲੋਂ ਸ੍ਰੀਮਤੀ ਸੁਮਨ ਸੁਪਰਡੰਟ (978064003) ਅਤੇ ਸ੍ਰੀ ਅਸ਼ਵਨੀ ਕੁਮਾਰ ਜੀ.ਐਮ. ਲੁਧਿਆਣਾ (81462-99002) ।

<u>ਹੁੱਕਮ:</u>

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-03-2019, ਲੋਕ ਸੂਚਨਾ ਅਧਿਕਾਰੀ **ਜਨਰਲ ਮੈਨੇਜਰ ਜ਼ਿਲ੍ਹਾ ਉਦਯੋਗ ਸੈਂਟਰ, ਲੁਧਿਆਣਾ**, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਰਾਕੇਸ਼ ਪਾਠਕ ਜ਼ੋ ਕਿ ਇਸ ਦਫਤਰ ਵਿਚ ਤੈਨਾਤ ਹਨ ਦੀ ਆਮਦਨ, ਪੋਸਟਿੰਗ ਕਿਸ ਤਾਰੀਖ ਅਤੇ ਕਿਸ ਵਿੱਚ ਲੁਧਿਆਣਾ ਹੋਈ ਅਤੇ ਇਸ ਤੋਂ ਪਹਿਲਾਂ ਕਿਸ ਜਗ੍ਹਾ ਤੇ ਤੈਨਾਤ ਸਨ ਅਤੇ ਉਸਦੇ ਪੂਰੇ ਪਰਿਵਾਰ ਦੀ ਵੀ ਆਮਦਨ ਅਤੇ ਐਸਟਸ ਦੀ ਜਾਣਕਾਰੀ ਮੰਗੀ ਸੀ ਅਤੇ ਇਹ ਕਿਸ ਪੋਸਟਿੰਗ ਤੇ ਤੈਨਾਤ ਹਨ ਬਾਰੇ ਵੀ ਪੁਛਿਆ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ ਵੱਲੋਂ ਹਾਜ਼ਰ ਸ੍ਰੀਮਤੀ ਸੁਮਨ ਸੁਪਰਡੰਟ ਅਤੇ ਸ੍ਰੀ ਅਸ਼ਵਨੀ ਕੁਮਾਰ ਜੀ.ਐਮ.,ਲੁਧਿਆਣਾ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਮਿਤੀ 25-09-2019 ਜੋ ਮਾਣਯੋਗ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਇਕ ਉਤਾਰਾ ਅਪੀਲਕਰਤਾ ਨੂੰ ਵੀ ਕੀਤਾ ਗਿਆ ਹੈ, ਮਿਸਲ ਤੇ ਉਪਲਬਦ ਹੈ, ਰਾਹੀਂ ਸਮੂਚੀ ਸਥਿਤੀ ਬਾਰੇ ਪਹਿਲਾਂ ਹੀ ਸੂਚਿਤ ਕਰ ਦਿੱਤਾ ਗਿਆ ਹੈ। ਅੱਜ ਪੇਸ਼ੀ ਸਮੇ ਉਨ੍ਹਾਂ ਵਲੋਂ ਪੱਤਰ ਮਿਤੀ 03-10-2019 ਸਹਿ ਪੱਤਰਾਂ ਸਹਿਤ ਪੇਸ਼ ਕੀਤਾ ਗਿਆ ਜੋ ਅਪੀਲਕਰਤਾ ਨੂੰ ਸੰਬੋਧਤ ਹੈ ਅਤੇ ਉਤਾਰਾ ਰਾਜ ਸੂਚਨਾ ਕਮਿਸ਼ਨ, ਪੰਜਾਬ ਨੂੰ ਕੀਤਾ ਹੈ । ਮਿਸਲ ਤੇ ਰੱਖ ਲਿਆ ਗਿਆ ਹੈ। ਉਤਰਦਾਤਾ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਆਪਣਾ ਆਈ.ਡੀ.ਪਰੂਫ ਦੇਣ ਲਈ ਬਹੁਤ ਯਤਨ ਕੀਤੇ ਗਏ। ਉਸ ਨੂੰ ਭੇਜੇ ਗਏ ਪੱਤਰ ਵੀ ਅਣਵੰਡੇ ਵਾਪਸ ਪ੍ਰਾਪਤ ਹੋ ਗਏ। ਉਸਨੂੰ ਫੋਨ ਰਾਹੀਂ ਵੀ ਸੂਚਿਤ ਕੀਤਾ ਗਿਆ ਪਰ ਉਸ ਵਲੋਂ ਨਾਂ ਤਾਂ ਆਪਣੀ ਆਈ.ਡੀ.ਪਰੂਫ ਦਿੱਤਾ ਅਤੇ ਨਾ ਹੀ ਅਪੀਲੀ ਅਥਾਰਟੀ ਪਾਸ ਸੁਣਵਾਈ ਤੇ ਹਾਜ਼ਰ ਹੋਇਆ। ਅੱਜ ਵੀ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਪੇਸ਼ ਕੀਤੇ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**3121/ 2019

ਗਏ ਦਸਤਾਵੇਜ਼ਾਂ ਦੇ ਨਾਲ ਨਾਲ ਦੱਸੀ ਗਈ ਸਥਿਤੀ ਅਨੁਸਾਰ ਅਪੀਲਕਰਤਾ ਨੂੰ ਆਈ.ਡੀ.ਪਰੂਫ ਪੇਸ਼ ਕਰਨ ਲਈ ਬਹੁਤ ਯਤਨ ਕੀਤਾ ਗਿਆ ਅਤੇ ਪੱਤਰ ਵੀ ਲਿਖੇ ਅਤੇ ਫੋਨ ਰਾਹੀਂ ਵੀ ਸੂਚਿਤ ਕੀਤਾ ਗਿਆ ਪਰ ਉਹ ਪਹਿਲੀ ਅਪੀਲੀ ਅਥਾਰਟੀ ਸਾਹਮਣੇ ਵੀ ਪੇਸ਼ ਨਹੀਂ ਹੋਇਆ। ਉਤਰਦਾਤਾ ਵਲੋਂ ਪੱਤਰ ਮਿਤੀ 03-10-2019 ਜਿਸ ਨਾਲ ਅਪੀਲਕਰਤਾ ਵਲੋਂ ਮੰਗੀ ਸੂਚਨਾ ਸਬੰਧੀ 03 ਨੁਕਤਿਆਂ ਦਾ ਜਵਾਬ ਵੀ ਨੱਥੀ ਹੈ ਭੇਜਿਆ ਜਾ ਚੁੱਕਾ ਹੈ। ਅੱਜ ਅਪੀਲਕਰਤਾ ਦਾ ਹਾਜ਼ਰ ਨਾ ਹੋਣਾ ਸਪੱਸ਼ਟ ਕਰਦਾ ਹੈ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਅਗੇ ਹੋਰ ਕਾਰਵਾਈ ਨਹੀਂ ਚਾਹੁੰਦਾ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 10 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੁਆ 9780643243

ਪਿੰਡ ਤੁਰਾ, ਡਾਕਖਾਨਾ ਕੁੰਭ, ਤਹਿਸਲੀ ਅਮਲੋਹ,

ਜ਼ਿਲ੍ਹਾ ਫਤਿਹਗੜ੍ਹ ਸਾਹਿਬ -------ਅਪੀਲਕਰਤਾ

**ਬਨਾਮ**

ਲੋਕ ਸੁਚਨਾ ਅਧਿਕਾਰੀ ,

ਏ.ਡੀ.ਸੀ.,ਐੱਸ.ਬੀ.ਐੱਸ ਨਗਰ।

ਪਹਿਲੀ ਅਪੀਲੀ ਅਥਾਰਟੀ,

ਡੀ.ਸੀ .ਐੱਸ ਬੀ ਐੱਸ ਨਗਰ। -----**ਉੱਤਰਦਾਤਾ**

ਅਪੀਲ ਕੇਸ ਨੰ 3130/2019

ਹਾਜ਼ਰ:-

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀਮਤੀ ਪਰਮਜੀਤ ਕੌਰ ਕਲਰਕ (94576-90809) ਦਫਤਰ **ਡੀ.ਸੀ .ਐੱਸ ਬੀ ਐੱਸ ਨਗਰ।**

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2019, ਲੋਕ ਸੂਚਨਾ ਅਧਿਕਾਰੀ **ਏ.ਡੀ.ਸੀ.,ਐੱਸ.ਬੀ.ਐੱਸ ਨਗਰ**, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਦਿੱਤੇ ਗਏ ਆਵੇਦਨ ਮਿਤੀ 13-06-2018 ਨੰਬਰ 249577/2018, ਆਰ.ਆਈ.ਏ. ਰਾਹੀਂ ਦਿੱਤੀ ਦਰਖਾਸਤ ਸਬੰਧੀ 02 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋ ਦਸਿਆ ਗਿਆ ਕਿ ਉਸਨੂੰ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਦੀ ਤਰਫੋਂ ਹਾਜ਼ਰ ਪਰਮਜੀਤ ਕੋਰ ਕਲਰਕ ਦਫਤਰ ਡੀ.ਸੀ., ਐਸ.ਬੀ.ਐਸ.ਨਗਰ ਵਲੋਂ ਦਸਿਆ ਗਿਆ ਕਿ ਉਨ੍ਹਾਂ ਵਲੋਂ ਪਹਿਲਾਂ ਹੀ ਆਪਣੇ ਪੱਤਰ ਮਿਤੀ 04-10-2019 ਜ਼ੋ ਮਾਨਯੋਗ ਪੰਜਾਬ ਰਾਜ ਸੂਚਨਾ ਕਮਿਸ਼ਨ, ਜੀ ਨੂੰ ਸੰਬੋਧਤ ਹੈ ਰਾਹੀਂ ਦਸਿਆ ਗਿਆ ਹੈ ਕਿ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਪਹਿਲਾਂ ਹੀ ਆਪਣੇ ਪੱਤਰ ਮਿਤੀ 24-09-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਭੇਜੀ ਜਾ ਚੁੱਕੀ ਹੈ।

4. ਅਪੀਲਕਰਤਾ ਵਲੋਂ ਇਸ ਤੇ ਆਪਣਾ ਪ੍ਰਤੀਕਰਮ ਦਿੰਦੇ ਹੋਏ ਦਸਿਆ ਕਿ ਜ਼ੋ ਸੂਚਨਾ ਦਿੱਤੀ ਗਈ ਹੈ ਉਹ ਠੀਕ ਨਹੀਂ ਹੈ। ਜਿਹੜਾ ਉਤੱਰ ਦਿੱਤਾ ਗਿਆ ਹੈ ਉਸਦੇ ਨੁਕਤਾ ਨੰ: 1 ਵਿਚ ਜ਼ੋ ਉਤਰ ਦਿੱਤਾ ਕਿ ਮਿਤੀ 01-04-2015 ਨੂੰ ਦੋਨਾਂ ਪਾਰਟੀਆਂ ਨੂੰ ਕਬਜੇ ਸਬੰਧੀ ਸਟੇਟਸ ਕੋਹ ਦਾ ਹੁਕਮ ਕੀਤਾ ਗਿਆ ਹੈ, ਦੇ ਫੈਸਲੇ ਦੀ ਕਾਪੀ ਨਹੀਂ ਦਿੱਤੀ ਗਈ।

5. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਰਿਕਾਰਡ ਅਤੇ ਪੇਸ਼ ਕੀਤੀਆਂ ਗਈਆਂ ਦਲੀਲਾਂ ਨੂੰ ਘੋਖਣ/ਸੁਣਨ ਉਪਰੰਤ ਪਾਇਆ ਗਿਆ ਕਿ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਜ਼ੋ ਉਤਰ ਦਿੱਤਾ ਗਿਆ ਹੈ ਉਸ ਵਿਚ ਦਸੇ ਗਏ ਤਸੀਲਦਾਰ ਦੇ ਫੈਸਲੇ ਮਿਤੀ 01-04-2015 ਦੀ ਕਾਪੀ ਨਾਲ ਨੱਥੀ ਨਹੀਂ ਕੀਤੀ ਗਈ, ਜਿਸ ਦੀ ਅਪੀਲਕਰਤਾ ਵਲੋਂ ਮੰਗ ਕੀਤੀ ਗਈ। ਇਸ ਲਈ ਉਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਇਨ੍ਹਾਂ ਹੁਕੱਮਾਂ ਦੀ ਕਾਪੀ ਦਿੱਤੀ ਜਾਵੇ ਅਤੇ ਕਮਿਸ਼ਨ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 10 ਅਕਤੂਬਰ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 97806-43243 -------ਅਪੀਲਕਰਤਾ
ਪਿੰਡ ਤੁਰਾ, ਡਾਕਖਾਨਾ ਕੁੰਭ, ਤਹਿਸੀਲ ਅਮਲੋਹ,
ਜਿਲਾ ਫਤਿਹਗੜ੍ਹ ਸਾਹਿਬ।

ਬਨਾਮ

ਲੋਕ ਸੂਚਨਾ ਅਧਿਕਾਰੀ,
ਐਸ.ਡੀ.ਐਮ., ਐਸ.ਬੀ.ਐਸ.ਨਗਰ।

ਪਹਿਲੀ ਅਪੀਲੀ ਅਥਾਰਟੀ
ਐਸ.ਡੀ.ਐਮ. ਐਸ.ਬੀ.ਐਸ.ਨਗਰ। ------**ਉੱਤਰਦਾਤਾ**

**ਅਪੀਲ ਕੇਸ ਨੰ 3131/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਨਪ੍ਰੀਤ ਸਿੰਘ, ਕਾਨੂੰਗੋ, ਐਸ.ਬੀ.ਐਸ.ਨਗਰ (80549-46265)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-03-2018, ਨੂੰ ਲੋਕ ਸੂਚਨਾ ਅਧਿਕਾਰੀ ਐਸ.ਡੀ.ਐਮ., ਐਸ.ਬੀ.ਐਸ.ਨਗਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਹੁਕੱਮ ਡਿਪਟੀ ਕਮਿਸ਼ਨਰ ਨਵਾਂ ਸ਼ਹਿਰ ਮਿਸਲ ਨੰ: 5/ਮਿਸ./2009/ ਮਿਤੀ 09/04/2003, ਹੁਕੱਮ ਕਮਿਸ਼ਨਰ ਜਲੰਧਰ ਜੀ ਦੀ ਅਪੀਲ ਨੰ: 01/ਆਫ 2003, ਅਤੇ ਐਫ.ਸੀ.ਆਰ. ਪੰਜਾਬ ਜੀ ਦੇ ਹੁਕਮ ਆਰ.ਓ.ਆਰ. ਨ: 58 ਆਫ 2004 ਨੂੰ ਲਾਗੂ ਕਰਾਵਾਉਣ ਸਬੰਧੀ 02 ਨੁਕਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 1-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋ ਦਸਿਆ ਗਿਆ ਕਿ ਉਸਨੂੰ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਕਮ-ਤਹਿਸੀਲਕਾਰ ਦੀ ਤਰਫੋਂ ਸ੍ਰੀ ਅਮਨਪ੍ਰੀਤ ਸਿੰਘ, ਕਾਨੂੰਗੋ, ਐਸ.ਬੀ.ਐਸ.ਨਗਰ ਹਾਜਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਇਸ ਕੇਸ ਵਿਚ ਇੰਨਕੁਆਰੀ ਚਲ ਰਹੀ ਹੈ। ਇੰਨਕੁਆਰੀ ਮੁਕੰਮਲ ਹੋਣ ਤੇ ਅਪੀਲਕਰਤਾ ਨੂੰ ਕਾਪੀ ਦੇ ਦਿੱਤੀ ਜਾਵੇਗੀ। ਉਸ ਵਲੋਂ ਇਹ ਵੀ ਦਸਿਆ ਗਿਆ ਕਿ ਲੋਕ ਸੂਚਨਾ ਅਧਿਕਾਰੀ, ਐਸ.ਡੀ.ਐਮ., ਐਸ.ਬੀ.ਐਸ.ਨਗਰ ਵਲੋਂ ਆਪਣੇ ਪੱਤਰ ਮਿਤੀ 22-04-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਿਤ ਕੀਤਾ ਗਿਆ ਸੀ ਕਿ ਇਹ ਅਰਜੀ ਉਨ੍ਹਾਂ ਨੂੰ (ਤਹਿਸੀਲਦਾਰ ਦਫਤਰ ਨੂੰ ) ਟਰਾਂਸਫਰ ਕਰ ਦਿੱਤੀ ਗਈ ਹੈ। ਇਸ ਸਬੰਧੀ ਐਸ.ਡੀ.ਐਮ., ਐਸ.ਬੀ.ਐਸ.ਨਗਰ ਦਾ ਪਤਰ ਮਿਤੀ 27-09-2019 ਪੇਸ਼ ਕੀਤਾ ਗਿਆ ਜੋ ਰਾਜ ਸੂਚਨਾ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਕਮ-ਤਹਿਸੀਲਕਾਰ ਐਸ.ਬੀ.ਐਸ.ਨਗਰ ਨੂੰ ਭੇਜਦੇ ਹੋਏ ਤਬਦੀਲ ਕੀਤੇ ਗਏ ਕੇਸ ਵਿਚ ਮਿਤੀ 10-10-2019 ਨੂੰ ਪੈਰਵੀ ਕਰਨ ਲਈ ਲਿਖਿਆ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵਲੋਂ ਇਸ ਤੇ ਆਪਣਾ ਪ੍ਰਤੀਕਰਮ ਦਿੰਦੇ ਹੋਏ ਤਹਿਸੀਲਦਾਰ ਨੂੰ ਪਾਰਟੀ ਬਣਾਉਣ ਲਈ ਬੇਨਤੀ ਕੀਤੀ ਗਈ ।

5. ਦੋਨਾਂ ਧਿਰਾਂ ਵਲੋਂ ਪੇਸ਼ ਕੀਤੇ ਗਏ ਰਿਕਾਰਡ ਅਤੇ ਦਿਤੀਆਂ ਗਈਆਂ ਦਲੀਲਾਂ ਨੂੰ ਘੋਖਣ/ਸੁਣਨ ਉਪਰੰਤ ਪਾਇਆ ਗਿਆ ਕਿ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਜੋ ਉਤਰ ਦਿੱਤਾ ਗਿਆ ਹੈ ਉਸ ਮੁਤਾਬਿਕ ਕਾਰਵਾਈ/ਇੰਨਕੁਆਰੀ ਤਹਿਸੀਲਦਾਰ ਦੇ ਦਫਤਰ ਪਾਸ ਪੈਡਿੰਗ ਹੈ।ਇਸ ਲਈ ਤਹਿਸੀਲਦਾਰ ਐਸ.ਬੀ.ਐਸ.ਨਗਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਕੇਸ ਵਿਚ ਅਗਲੀ ਮਿਤੀ ਤੋਂ ਪਹਿਲਾਂ ਇੰਨਕੁਆਰੀ ਮੁਕੰਮਲ ਕਰਕੇ ਰਿਪੋਰਟ ਦੀ ਕਾਪੀ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 10 ਅਕਤੂਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਕਾਪੀ: ਤਹਿਸੀਲਦਾਰ, ਸ਼ਹੀਦ ਭਗਤ ਸਿੰਘ ਨਗਰ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਗਗਨਦੀਪ ਸਿੰਘ ਜੰਜੂਆ 97806-43243 -------ਅਪੀਲਕਰਤਾ
ਪਿੰਡ ਤੁਰਾ, ਡਾਕਖਾਨਾ ਕੁੰਭ, ਤਹਿਸੀਲ ਅਮਲੋਹ,
ਜਿਲਾ ਫਤਿਹਗੜ੍ਹ ਸਾਹਿਬ।

ਬਨਾਮ

ਲੋਕ ਸੂਚਨਾ ਅਧਿਕਾਰੀ,
ਐਸ.ਡੀ.ਐਮ., ਐਸ.ਬੀ.ਐਸ.ਨਗਰ।

ਪਹਿਲੀ ਅਪੀਲੀ ਅਥਾਰਟੀ
ਐਸ.ਡੀ.ਐਮ. ਐਸ.ਬੀ.ਐਸ.ਨਗਰ। **------ਉੱਤਰਦਾਤਾ**

ਅਪੀਲ ਕੇਸ ਨੰ 3132/2019

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਨਪ੍ਰੀਤ ਸਿੰਘ, ਕਾਨੂੰਗੋ, ਐਸ.ਬੀ.ਐਸ.ਨਗਰ (80549-46265)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਨੂੰ ਲੋਕ ਸੂਚਨਾ ਅਧਿਕਾਰੀ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵਲੋਂ ਸੂਚਨਾ ਦਾ ਅਧਿਕਾਰ ਐਕਟ 2005 ਦੀ ਧਾਰਾ 6(1) ਦੇ ਤਹਿਤ ਆਵੇਦਨ ਰਾਹੀਂ ਉਪ ਮੰਡਲ ਮੈਜਿਸਟਰੇਟ ਨਵਾਂ ਸ਼ਹਿਰ ਵਲੋਂ ਹਰਭਜਨ ਸਿੰਘ ਜਾਡਲੀ ਪਟਵਾਰੀ ਖਿਲਾਫ ਭੇਜੀ ਰਿਪੋਰਟ ਸਬੰਧੀ 2 ਨੁਕੱਤਿਆਂ ਤੇ ਸੂਚਨਾ ਦੀ ਮੰਗ ਕੀਤੀ ਗਈ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 1-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-09-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਅਪੀਲਕਰਤਾ ਹਾਜ਼ਰ ਹੋਇਆ ਉਸ ਵਲੋ ਦਸਿਆ ਗਿਆ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਕਮ-ਤਹਿਸੀਲਕਾਰ ਦੀ ਤਰਫੋਂ ਸ੍ਰੀ ਅਮਨਪ੍ਰੀਤ ਸਿੰਘ, ਕਾਨੂੰਗੋ, ਐਸ.ਬੀ.ਐਸ.ਨਗਰ ਹਾਜਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਸਬੰਧ ਵਿਚ ਉਤਰਦਾਤਾ, ਐਸ.ਡੀ.ਐਮ., ਐਸ.ਬੀ.ਐਸ.ਨਗਰ ਵਲੋਂ ਈ.ਮੇਲ ਮਿਤੀ 30-09-2019 ਰਾਹੀਂ ਪੱਤਰ ਮਿਤੀ 27-09-2019 ਦੇ ਨਾਲ ਇਕ ਹੋਰ ਪੱਤਰ ਮਿਤੀ 22-04-2019 ਜਿਸ ਨਾਲ ਦਿੱਤੀ ਗਈ ਸੂਚਨਾ ਨੱਥੀ ਹੈ ਪ੍ਰਾਪਤ ਹੋ ਚੁੱਕਾ ਹੈ ਜ਼ੋ ਮਿਸਲ ਤੇ ਉਪਲਬਧ ਹੈ।

4. ਪੇਸ਼ੀ ਤੇ ਹਾਜ਼ਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ) ਕਮ-ਤਹਿਸੀਲਕਾਰ ਦੀ ਤਰਫੋਂ ਸ੍ਰੀ ਅਮਨਪ੍ਰੀਤ ਸਿੰਘ, ਕਾਨੂੰਗੋ, ਐਸ.ਬੀ.ਐਸ.ਨਗਰ ਵਲੋਂ ਦਸੇ ਅਨੁਸਾਰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਚੁੱਕੀ ਹੈ। ਜਿਸ ਦੀ ਪੁਸ਼ਟੀ ਅਪੀਲਕਰਤਾ ਵਲੋਂ ਵੀ ਕਰ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕਾਰਵਾਈ ਦੀ ਲੋੜ ਨਹੀਂ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਜਾਗਰ ਸਿੰਘ, (98789-61815)
ਪੁੱਤਰ ਸ਼੍ਰੀ ਬੰਤ ਸਿੰਘ,
ਵਾਸੀ ਗਲੀ ਨੰ:1,
ਮਾਨ ਕਲੌਨੀ ਡਾਬਾ (ਲੁਧਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 460/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਵੀ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਪਵਨਦੇਵ ਸਿੰਘ, (7888741866), ਚੰਡੀਗੜ੍ਹ ਅਤੇ ਨਵੀਨ ਕੁਮਾਰ, ਹੈੱਡ ਕੰਸਟੇਬਲ (9501400477), ਲੁਧਿਆਣਾ।

**ਹੁਕਮ:**

ਪਿਛਲੀ ਪੇਸ਼ੀ ਮਿਤੀ, 17-09-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 16-09-2019 ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਸੀ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੋਹਣ ਲਾਲ, ਹੈੱਡ ਕੰਸਟੇਬਲ, ਪੁਲਿਸ ਥਾਣਾ, ਡਾਬਾ, ਲੁਧਿਆਣਾ ਨੇ ਪੱਤਰ, ਮਿਤੀ 12-08-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਮਿਤੀ 12-08-2019 ਨੂੰ ਸਪੀਡ ਪੋਸਟ ਨੰ:ਜ਼ੈੱਡ-21313167 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਉਨ੍ਹਾਂ ਵੱਲੋਂ ਸਪੀਡ ਪੋਸਟ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਗਈ ਸੀ ਅਤੇ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 10-10-2019 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਮਿਤੀ, 10-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 10-10-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਦੱਸਿਆ ਗਿਆ ਹੈ ਕਿ ਉਸਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵਲੋਂ ਆਪਣੇ ਪਤਰ ਮਿਤੀ 03-10-2019 ਰਾਹੀਂ ਲਿਖਿਆ ਗਿਆ ਕਿ ਉਸਨੂੰ ਪੱਤਰ ਮਿਤੀ 12-08-2019 ਰਾਹੀਂ ਜ਼ੋ ਜਾਣਕਾਰੀ ਪ੍ਰਾਪਤ ਹੋਈ ਹੈ 10 ਮਹੀਨੇ ਬਾਅਦ ਬਿਨ੍ਹਾਂ ਤਸਦੀਕ ਕੀਤੇ ਪ੍ਰਾਪਤ ਹੋਈ ਹੈ ਅਤੇ ਉਸ ਵਿਚ ਨੁਕਤਾ ਨੰ: 01 ਤੋਂ 04 ਦੀ ਜਾਣਕਾਰੀ ਨੂੰ ਵਾਚਿਆ ਜਾਵੇ ਜ਼ੋ ਅੱਜ ਤੱਕ ਅਪੀਲ ਕਰਤਾ ਨੂੰ ਪ੍ਰਾਪਤ ਨਹੀਂ ਹੋਈ ਅਤੇ ਨੁਕਤਾ ਨੰ: 05 ਦੀ ਜਾਣਕਾਰੀ ਮੋਹਰ ਸਮੇਤ ਤਸਦੀਕ ਸੁਦਾ ਮੁਹੱਈਆ ਕਰਵਾਈ ਜਾਵੇ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ ਸਿੰਘ, ਚੰਡੀਗੜ੍ਹ ਅਤੇ ਨਵੀਨ ਕੁਮਾਰ, ਹੈੱਡ ਕੰਸਟੇਬਲ, ਲੁਧਿਆਣਾ ਦੱਸਿਆ ਗਿਆ ਕਿ ਵੱਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਸਬੰਧੀ ਬਹੁਤ ਵਾਰ ਉੱਤਰ ਦਿੱਤਾ ਹੋਇਆ ਹੈ। ਉਨ੍ਹਾਂ ਵਲੋਂ ਇਹ ਵੀ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਸਬੰਧੀ ਪੱਤਰ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**460/ 2019

ਲੇਟ ਪ੍ਰਾਪਤ ਹੋਇਆ ਹੈ। ਇਸ ਲਈ ਉਨ੍ਹਾਂ ਵਲੋਂ ਸਮੇ ਦੀ ਮੰਗ ਕੀਤੀ ਗਈ ।

4. ਪਿਛਲੀ ਮਿਤੀ ਤੇ ਇਹ ਕੇਸ ਅਪੀਲਕਰਤਾ ਨੂੰ ਪ੍ਰਾਪਤ ਹੋਈ ਸੂਚਨਾ ਵਿਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿਚ ਸਿੱਧੇ ਤੌਰ ਤੇ ਉਤਰਦਾਤਾ ਨੂੰ ਸੂਚਿਤ ਕਰਨ ਲਈ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਲਈ ਨਿਸਚਿਤ ਕੀਤੀ ਗਈ ਸੀ। ਅੱਜ ਪੇਸ਼ੀ ਤੇ ਹਾਜ਼ਰ ਉਤਰਦਾਤਾ ਵਲੋਂ ਦਸੇ ਅਨੁਸਾਰ ਅਪੀਲਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਸਬੰਧੀ ਪੱਤਰ ਲੇਟ ਪ੍ਰਾਪਤ ਹੋਇਆ ਹੈ। ਇਸ ਲਈ ਉਨ੍ਹਾਂ ਵਲੋਂ ਸਮੇ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਅਪੀਲਕਰਤਾ ਵਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 30-10-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 10 **ਅਕਤੂਬਰ,** 2019.

ਕਾਪੀ:-

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਾਰਤ ਭੂਸ਼ਨ ਮੱਟੂ, (9779928472)
ਮਕਾਨ ਨੰ:153, ਅਕਾਸ਼ ਨਗਰ ਨੇੜੇ ਗਰੀਨ ਲੈਂਡ ਸਕੂਲ,
ਡਾਕਖਾਨਾ ਨੇਤਾਜੀ ਨਗਰ, ਸਲੇਮ ਟਾਬਰੀ,
ਲੁਧਿਆਣਾ-141008. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬੰਗਾ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਉੱਤਰਦਾਤਾ

**ਅਪੀਲ ਕੇਸ ਨੰ:2239/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜੀਵਨ ਲਾਲ ਸੁਪਰਡੰਟ (99592-252333) ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-03-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 1999 ਤੋਂ 2019 ਤੱਕ ਜਾਂ ਇਸ ਤੋਂ ਪਹਿਲਾਂ ਅਨੁਸੂਚਿਤ ਜਾਤੀ/ਜਨਰਲ ਸ਼੍ਰੇਣੀ ਨੂੰ ਪਿੰਡ ਜਗਤਪੁਰ, ਤਹਿਸੀਲ ਬੰਗਾ ਵਿਖੇ ਰੂੜੀਆਂ/ਢੇਰਾਂ ਲਈ ਅਲਾਟ ਕੀਤੀ ਗਈ ਥਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 02-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਮਿਤੀ 28-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਦਸਿਆ ਗਿਆ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬੰਗਾ ਨੂੰ ਤਬਦੀਲ ਕੀਤੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 17-09-2019 ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 03-09-2019 ਰਾਹੀਂ ਆਪਣਾ ਕੇਸ ਕਿਸੇ ਹੋਰ ਬੈਂਚ ਕੋਲ ਤਬਦੀਲ ਕਰਾਉਣ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਸੀ ਪਰੰਤੂ ਇਹ ਕੇਸ ਤਬਦੀਲ ਕਰਨ ਸਬੰਧੀ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ, ਪੰਜਾਬ, ਜੀ ਵੱਲੋਂ ਕੋਈ ਹੁਕਮ ਇਸ ਬੈਂਚ ਨੂੰ ਪ੍ਰਾਪਤ ਨਹੀਂ ਹੋਏ। ਲੋਕ ਸੂਚਨਾ ਅਧਿਕਾਰੀ, ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਪਣੇ ਪੱਤਰ ਨੰ:2226-27, ਮਿਤੀ 09-09-2019 ਜੋ ਕਿ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ ਨੂੰ ਸੰਬੋਧਿਤ ਕੀਤਾ ਗਿਆ ਹੈ, ਦੀ ਕਾਪੀ ਭੇਜ ਕੇ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਪਿੰਡ ਜਗਤਪੁਰ ਨਾਲ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2239/ 2019**

ਸਬੰਧਤ ਮੰਗੀ ਗਈ ਸੂਚਨਾ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ, ਵੱਲੋਂ ਦਿੱਤੀ ਜਾਣੀ ਹੈ ਪਰੰਤੂ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ, ਦੇ ਦਫ਼ਤਰ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 10-10-2019 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜੀਵਨ ਲਾਲ ਸੁਪਰਡੰਟ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ ਪੇਸ਼ੀ ਤੇ ਹਾਜ਼ਰ ਹੋਏ । ਉਨ੍ਹਾਂ ਵਲੋਂ ਦਸਿਆ ਗਿਆ ਕਿ ਸਬੰਧਤ ਮਿਸਲ ਪ੍ਰਾਪਤ ਨਹੀਂ ਹੋਈ, ਜਿਸ ਬਾਰੇ ਪ੍ਰਾਰਥੀ ਨੂੰ ਉੱਤਰ ਦੇ ਦਿੱਤਾ ਗਿਆ ਹੈ। ਇਸ ਸਬੰਧ ਵਿਚ ਉਸ ਵਲੋਂ ਲੋਕ ਸੂਚਨਾ ਅਧਿਕਾਰੀ ਕਮ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਔੜ ਦਾ ਪੱਤਰ ਮਿਤੀ 27-09-2019 ਜੋ ਅਪੀਲਕਰਤਾ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ ਜੋ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਦੇ ਨਾਲ ਸ੍ਰੀ ਰਾਕੇਸ਼ ਕੁਮਾਰ, ਵੀ.ਡੀ.ਓ. ਕਮ ਸੂਚਨਾ ਅਫਸਰ ਗਰਾਮ ਪੰਚਾਇਤ ਜਗਤਪੁਰ, ਬਲਾਕ ਔੜ ਵਲੋਂ ਅਪੀਲਕਰਤਾ ਨੂੰ ਲਿਖਿਆ ਪੱਤਰ ਨੱਥੀ ਕੀਤਾ ਗਿਆ ਹੈ ਜਿਸ ਅਨੁਸਾਰ ਮੰਗੀ ਗਈ ਸੂਚਨਾ ਸਬੰਧੀ ਜਵਾਬ ਦੇ ਦਿੱਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਜੀਵਨ ਲਾਲ ਸੁਪਰਡੰਟ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਔੜ ਵਲੋਂ ਲਿਖਤੀ ਰੂਪ ਵਿਚ ਤਸਦੀਕ ਕਰਦੇ ਹੋਏ ਦੱਸਿਆ ਗਿਆ ਕਿ ਉਸ ਦੀ ਸ੍ਰੀ ਭਾਰਤ ਭੂਸ਼ਨ ਨਾਲ ਟੈਲੀਫੋਨ ਤੇ ਗੱਲ ਹੋਈ ਅਪੀਲਕਰਤਾ ਨੇ ਦਸਿਆ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਚੁੱਕੀ ਹੈ।

5. ਅੱਜ ਪੇਸ਼ੀ ਸਮੇਂ ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਪਰ ਉਤਰਦਾਤਾ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਲਿਖਤੀ ਰੂਪ ਵਿਚ ਦਿੱਤੇ ਬਿਆਨ ਮੁਤਾਬਿਕ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਪ੍ਰਾਪਤੀ ਸਬੰਧੀ ਉਸਦੀ ਪੁਸਟੀ ਵੀ ਹੋ ਗਈ ਹੈ। ਇਸ ਤਰ੍ਹਾਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਾਰਸ ਵਧਵਾ, (86995-00539)
ਪੁੱਤਰ ਸ਼੍ਰੀ ਰਾਜ ਕੁਮਾਰ,
ਮਕਾਨ ਨੰ: ਈ-1732,ਗਾਂਧੀ ਨਗਰ,
ਤਹਿਸੀਲ ਤੇ ਜ਼ਿਲ੍ਹਾ, ਫਾਜਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ: 1718/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭੁਪਿੰਦਰ ਸਿੰਘ ਸੁਪਰਡੰਟ (94642-58258)

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-09-2018, ਲੋਕ ਸੂਚਨਾ ਅਧਿਕਾਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਐੱਸ.ਏ.ਐੱਸ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-11-2017 ਨੂੰ ਡਾ: ਅੰਬੇਦਕਰ ਇੰਸਟੀਚਿਊਟ ਆਫ ਕੈਰੀਅਰ ਐਂਡ ਕੋਰਸਿਜ਼, ਮੋਹਾਲੀ ਵਿਖੇ ਵਿਗਿਆਪਨ ਨੰ:04 ਆਫ 2016 ਅਧੀਨ ਸਟੈਨੋਟਾਈਪਿਸਟ ਦੀ ਆਸਾਮੀ ਲਈ ਦਿੱਤੀ ਗਈ ਪ੍ਰੀਖਿਆ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-08-2019 ਲਈ ਨਿਸਚਿਤ ਕੀਤਾ ਗਿਆ ਸੀ।ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਹ ਕੇਸ ਅਗਲੀ ਸੁਣਵਾਈ ਮਿਤੀ 27-08-2019 ਅਤੇ ਮੁੜ ਮਿਤੀ 17-09-2019 ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ 17-09-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰੂਪ ਲਾਲ, ਸੀਨੀਅਰ ਸਹਾਇਕ ਨੇ ਰਜਿਸਟਰਡ ਪੱਤਰ ਨੰ:2/17/2019-ਸੀ.ਏ.1 ਤੇ 2/ਅਸਚਬ/1562-1563, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਕੀਤਾ ਗਿਆ ਹੈ, ਦੀ ਦਫ਼ਤਰੀ ਕਾਪੀ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮਿਤੀ 29-11-2018 ਅਤੇ 29-08-2019 ਨੂੰ ਦੋ ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਮਿਤੀ 17-09-2019 ਨੂੰ ਵੀ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1718/ 2019

ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-10-2019 ਲਈ ਨਿਸਚਿਤ ਕੀਤਾ ਗਿਆ ਸੀ।

3.. ਅੱਜ ਮਿਤੀ 10-10-2019 ਨੂੰ ਵੀ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ੍ਰੀ ਭੁਪਿੰਦਰ ਸਿੰਘ ਸੁਪਰਡੰਟ ਵਲੋਂ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਵਲੋਂ ਜ਼ਾਰੀ ਪੱਤਰ ਮਿਤੀ 29-08-2019 ਜੋ ਕਿ ਅਪੀਲਕਰਤਾ ਸ੍ਰੀ ਪਾਰਸ ਵਧਵਾ, ਨੂੰ ਸੰਬੋਧਤ ਹੈ ਅਤੇ ਉਤਾਰਾ ਕਮਿਸ਼ਨ ਨੂੰ ਕੀਤਾ ਗਿਆ ਹੈ ਰਾਹੀਂ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਪਾਸੋਂ ਕੋਈ ਇਤਰਾਜ਼ ਪ੍ਰਾਪਤ ਨਹੀਂ ਹੋਇਆ ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਅਪੀਲਕਰਤਾ ਵਲੋਂ ਕੋਈ ਤਰੁੱਟੀ ਵੀ ਨਹੀਂ ਦਸੀ ਗਈ। ਉਤਰਦਾਤਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 10 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਨੁਰਾਗ ਗੁਪਤਾ, (79867-99578)
ਪੁੱਤਰ ਸ਼੍ਰੀ ਪ੍ਰੇਮ ਸਾਗਰ,ਛਾਹੜੀਆਂ ( Chharrian) ਮੁਹੱਲਾ,
ਰਾਜਾ ਰਾਮ ਗਲੀ ਸਿਟੀ, ਸੁਨਾਮ,ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ:2648 / 2019**

**ਹਾਜ਼ਰ:-**

1) ਸ਼੍ਰੀ ਅਨੁਰਾਗ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ (96463-32100)।

**ਹੁੱਕਮ:**

ਪਿਛਲੀ ਪੇਸ਼ੀ ਦੀ ਮਿਤੀ 18-09-2019 ਨੂੰ ਹਾਜ਼ਰ ਅਪੀਲਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਨੇ ਪੱਤਰ ਨੰ:493/ ਆਰ.ਟੀ.ਆਈ., ਮਿਤੀ 12-04-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਗਿਆ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੂੰ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਅੱਜ ਪੇਸ਼ੀ ਮਿਤੀ, 10-10-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 09-10-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਉਸਨੂੰ ਜ਼ੋ ਸੂਚਨਾ ਪ੍ਰਾਪਤ ਹੋਈ ਹੈ ਉਹ ਸਹੀ ਨਹੀਂ। ਇਸ ਲਈ ਉਸਨੂੰ ਇਕ ਹੋਰ ਮਿਤੀ ਦਿਤੀ ਜਾਵੇ ਕਿਉਂਜੋ ਉਹ ਚੋਣਾਂ ਦੇ ਕੰਮ ਵਿਚ ਰੁਝਿਆ ਹੋਇਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਪੇਸ਼ੀ ਤੇ ਹਾਜ਼ਰ ਹੋਇਆ। ਕਿਉਂਜੋ ਅੱਜ ਇਹ ਕੇਸ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਤੇ ਤਰੁੱਟੀਆਂ ਪੇਸ਼ ਕਰਨ ਲਈ ਨਿਸਚਿਤ ਕੀਤਾ ਗਿਆ ਸੀ। ਅਪੀਲਕਰਤਾ ਵਲੋਂ ਕੀਤੀ ਗਈ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੇਲ ਸਿੰਘ, (85284-30050)
ਪੁੱਤਰ ਸ਼੍ਰੀ ਚੰਨਣ ਸਿੰਘ,
ਪਿੰਡ ਤੇ ਡਾਕਖਾਨਾ ਧਬਲਾਨ,
ਤਹਿਸੀਲ ਤੇ ਜਿਲਾ ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2097/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਗਿਆਨ ਚੰਦ (79732-20027)।
2) ਉੱਤਰਦਾਤਾ ਵੱਲੋਂ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ (97812-00341)।

**ਹੁਕਮ:**

ਪਿਛਲੀ ਪੇਸ਼ੀ ਮਿਤੀ 18-09-2019 ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਗਿਆਨ ਚੰਦ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਨੇ ਦਸਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਬਾਰੇ ਪੜਤਾਲ ਉਪ ਮੰਡਲ ਮੈਜਿਸਟਰੇਟ, ਰਾਜਪੁਰਾ ਕੋਲ ਚਲ ਰਹੀ ਹੈ ਜਿਸ ਕਰਕੇ ਸਬੰਧਤ ਰਿਕਾਰਡ ਉਨ੍ਹਾਂ ਦੇ ਦਫਤਰ ਨੂੰ ਭੇਜਿਆ ਹੋਇਆ ਹੈ। ਇਸ ਲਈ ਹਾਜਰ ਉਤਰਦਾਤਾ ਨੇ ਕਿਹਾ ਕਿ ਪੜਤਾਲ ਮੁਕੰਮਲ ਹੋਣ ਤੇ ਅਪੀਲਕਰਤਾ ਨੂੰ ਮੰਗੀ ਸੂਚਨਾ ਮੁਹਈਆ ਕਰਵਾ ਦਿੱਤੀ ਜਾਵੇਗੀ। ਉਸ ਵਲੋਂ ਇਹ ਵੀ ਦਸਿਆ ਗਿਆ ਕਿ ਉਸ ਵਲੋਂ ਇਸ ਬਾਰੇ ਅਪੀਲਕਰਤਾ ਨਾਲ ਵੀ ਸੰਪਰਕ ਕੀਤਾ ਜਾਵੇਗਾ। ਇਸ ਲਈ ਇਹ ਕੇਸ_ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2 ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਗਿਆਨ ਚੰਦ ਨੇ ਦੱਸਿਆ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵਲੋਂ ਬੇਨਤੀ ਕੀਤੀ ਗਈ ਹੈ ਕਿ ਉਸਨੂੰ ਮੁਕੰਮਲ ਸੂਚਨਾ ਮੁਹੱਈਆ ਕਰਵਾਈ ਜਾਵੇ।

3. ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਵਲੋਂ ਲਿਖਤੀ ਰੂਪ ਵਿਚ ਪੱਤਰ ਪੇਸ਼ ਕੀਤਾ ਗਿਆ ਜੋ ਕਮਿਸ਼ਨ ਨੂੰ ਸੰਬੋਧਤ ਹੈ।ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਵਿਚ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਬਾਰੇ ਦੱਸਿਆ ਗਿਆ ਹੈ ਅਤੇ ਨੁੱਕਤਾ ਨੰ: 1 ਦੀ ਸੂਚਨਾ ਸਿਵਲ ਕੰਮਾਂ ਦੇ ਐਸਟੀਮੇਟ, ਤੱਕਨੀਕੀ ਤੇ ਪ੍ਰਬੰਧੀ ਪ੍ਰਵਾਨਗੀ ਸਮੇਤ ਐਮ.ਬੀਜ (ਮਿਣਤੀ ਕਿਤਾਬ) ਬਾਰੇ ਲਿਖਿਆ ਗਿਆ ਕਿ ਇਹ ਸੂਚਨਾ ਜੇ.ਈ.ਵਲੋ਼ ਮੁਹੱਈਆ ਕਰਵਾਉਣੀ ਬਣਦੀ ਹੈ।

4. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਵਲੋਂ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਅਪੀਲਕਰਤਾ ਦੇ ਨੁਮਾਇੰਦੇ ਸ੍ਰੀ ਗਿਆਨ ਚੰਦ ਨੂੰ ਦਸਤੀ ਦੇ ਦਿੱਤੀ ਗਈ, ਜਿਸ ਤੇ ਉਸ ਵਲੋਂ ਲਿਖਤੀ ਰੂਪ ਵਿਚ ਤਸਦੀਕ ਕੀਤਾ ਕਿ ਕੁਝ ਸੂਚਨਾ ਸ੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਵਲੋਂ ਮੁਹੱਈਆ ਕਰਾਈ ਗਈ ਉਹ ਪ੍ਰਾਪਤ ਕਰ ਲਈ ਹੈ ਅਤੇ ਘੱਟ ਸੂਚਨਾ ਅਗਲੀ ਪੇਸ਼ੀ ਤੇ ਦਿਵਾਈ ਜਾਵੇ। ਇਸ ਲਈ ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਬਾਕੀ ਰਹਿੰਦੀ ਸੂਚਨਾ ਵੀ ਅਪੀਲਕਰਤਾ ਨੂੰ ਸਿੱਧੇ ਤੌਰ ਤੇ ਅਗਲੀ ਨਿਸਚਿਤ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਅਗਲੀ ਨਿਸਚਿਤ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਅਤੇ ਉਤਰਦਾਤਾ ਦੀ ਤਰਫੋਂ ਪੇਸ਼ ਨੁਮਾਇੰਦਿਆਂ ਦੀ ਸਹਿਮਤੀ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਸਿੰਘ, (93562-62225)
ਸਾਬਕਾ ਸਰਪੰਚ, ਸਾਲੋਵਾਲ,
ਤਹਿਸੀਲ ਤੇ ਜ਼ਿਲ੍ਹਾ, ਪਠਾਨਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਘਰੋਟਾ,
ਜ਼ਿਲ੍ਹਾ ਪਠਾਨਕੋਟ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 531/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 18-09-2019 ਅਤੇ ਇਸ ਤੋਂ ਪਹਿਲਾਂ ਨਿਸਚਿਤ ਮਿਤੀ 27-08-2019 ਤੇ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਇਕ ਹੋਰ ਮੌਕਾ ਦਿੰਦੇ ਹੋਏ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 30-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੇ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਅਕਤੂਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਖਵਿੰਦਰ ਸਿੰਘ (9465650001)
ਸੈਕਟਰੀ ਐਂਟੀ ਕਰੱਪਸ਼ਨ ਫੰਟ ਮਾਛੀਵਾੜਾ,
ਜਿਲਾ ਲੁਧਿਆਣਾ -141115 --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੁੱਖ ਡਾਇਰੈਕਟਰ , ਵਿਜੀਲੈਂਸ ਬਿਊਰੋ ਪੰਜਾਬ,ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੁੱਖ ਡਾਇਰੈਕਟਰ , ਵਿਜੀਲੈਂਸ ਬਿਊਰੋ ਪੰਜਾਬ,ਮੁਹਾਲੀ। ---------ਉੱਤਰਦਾਤਾ

**ਅਪੀਲ ਕੇਸ ਨੰ:2671/2019**

**ਹਾਜ਼ਰ:-**

1) ਅਪੀਲਕਰਤਾ ਵਲੋ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-05958 ) ਦਫਤਰ ਮੁੱਖ ਡਾਇਰੈਕਟਰ , ਵਿਜੀਲੈਂਸ ਬਿਊਰੋ ਪੰਜਾਬ,ਮੁਹਾਲੀ

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-04-2019, ਲੋਕ ਸੂਚਨਾ ਅਧਿਕਾਰੀ ਦਫਤਰ ਮੁੱਖ ਡਾਇਰੈਕਟਰ , ਵਿਜੀਲੈਂਸ ਬਿਊਰੋ ਪੰਜਾਬ,ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੇਰੈਂਟਸ ਐਸੋਸੀਏਸ਼ਨ (ਰਜਿ:) ਮਾਛੀਵਾੜਾ ਵਲੋਂ ਮਿਤੀ 15-03-2019 ਨੂੰ ਸੈਕਰਡ ਹਾਰਟ ਕਾਨਵੈਂਟ ਸਕੂਲ ਮਾਛੀਵਾੜਾ ਵਿਰੁੱਧ ਭੇਜੀ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24 -05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 30-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।ਪਿਛਲੀ ਪੇਸ਼ੀ ਦੀ ਮਿਤੀ 24-09-2019 ਨੂੰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾਂ ਹੀ ਉਸ ਵਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।

2. ਪਿਛਲੀ ਮਿਤੀ 24-09-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਦਫਤਰ ਮੁੱਖ ਡਾਇਰੈਕਟਰ , ਵਿਜੀਲੈਂਸ ਬਿਊਰੋ ਪੰਜਾਬ,ਮੁਹਾਲੀ ਨੇ ਕਿਹਾ ਸੀ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਪਹਿਲਾਂ ਹੀ ਜਵਾਬ ਭੇਜਿਆ ਜਾ ਚੁੱਕਾ ਹੈ। ਉਨ੍ਹਾਂ ਵਲੋਂ ਇਸ ਬਾਰੇ ਆਪਣੇ ਪੱਤਰ ਨੰ: 42517/ਵਬ/ਐਸ-14, ਮਿਤੀ 11-09-2019 ਰਾਹੀਂ ਵੀ ਕਮਿਸ਼ਨ ਨੂੰ ਜਵਾਬ ਭੇਜਿਆ ਹੋਇਆ ਹੈ। ਉਤਰਦਾਤਾ ਵਲੋਂ ਭਾਵੇਂ ਕਿ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਸੀ, ਪ੍ਰੰਤੂ ਇਸਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਇਹ ਜਵਾਬ ਪੂਰੀ ਤਰ੍ਹਾਂ ਸੱਪਸ਼ਟ ਨਹੀਂ ਹੈ। ਇਸ ਬਾਰੇ ਹਾਜਰ ਉਤਰਦਾਤਾ ਨੂੰ ਸਮਝਾ ਦਿੱਤਾ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਪ੍ਰਾਪਤ ਹੋਣ ਉਪਰੰਤ ਕੀਤੀ ਗਈ ਕਾਰਵਾਈ ਬਾਰੇ ਮਿਤੀਵਾਰ ਵਿਸਥਾਰਪੂਰਵਕ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ - ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ਼ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਅਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਮਿਤੀ 10-10-2019 ਤੇ ਅਪੀਲਕਰਤਾ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾਂ ਹੀ ਉਸ ਵਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਦਫਤਰ ਮੁੱਖ ਡਾਇਰੈਕਟਰ , ਵਿਜੀਲੈਂਸ ਬਿਊਰੋ ਪੰਜਾਬ,ਮੁਹਾਲੀ ਵਲੋਂ ਪੱਤਰ ਮਿਤੀ 09-10-2019 ਪੇਸ਼ ਕੀਤਾ ਗਿਆ ਜੋ ਕਿ ਕਮਿਸ਼ਨ ਨੂੰ ਸੰਬੋਧਤ ਹੈ। ਮਿਸਲ ਤੇ ਰੱਖ ਲਿਆ ਗਿਆ ਹੈ। ਉਤਰਦਾਤਾ ਵਲੋਂ ਕੀਤੇ ਗਏ ਹੁਕੱਮਾਂ ਅਨੁਸਾਰ ਅਪੀਲਕਰਤਾ ਵਲੋਂ ਦਾਇਰ ਅਪੀਲ ਦੇ ਸਬੰਤ ਵਿਚ ਵਿਸਥਾਰਪੂਰਵਕ ਵੇਰਵਾ ਦਿੰਦੇ ਹੋਏ ਦਸਿਆ ਗਿਆ ਹੈ ਕਿ ਅਪੀਲਕਰਤਾ ਵਲੌਂ ਦਾਇਰ ਅਪੀਲ ਦਾ ਸਬੰਧ ਸਿੱਖਿਆ ਵਿਭਾਗ ਨਾਲ ਹੋਣ ਕਾਰਨ ਇਹ ਅਪੀਲ ਸਬੰਧਤ ਲੋਕ ਸੂਚਨਾ ਅਫਸਰ ਨੂੰ ਪੱਤਰ ਮਿਤੀ 03-05-2019 ਰਾਹੀਂ ਆਰ.ਟੀ.ਆਈ. ਐਕਟ 2005 ਦੀ ਧਾਰਾ 6(3) ਤਹਿਤ ਟਰਾਂਸਫਰ ਕਰਦੇ ਹੋਏ ਅਪੀਲਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ

ਪਰਤੋ ਜੀ -------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2671/2019**

ਸੀ। ਇਸ ਉਪਰੰਤ ਅਪੀਲਕਰਤਾ ਵਲੋਂ ਦਾਇਰ ਅਪੀਲ ਮਿਤੀ 22-05-2019 ਵੀ ਸਬੰਧਤ ਵਿਭਾਗ ਦੀ ਫਸਟ ਐਪੀਲੈਟ ਅਥਾਰਟੀ ਨੂੰ ਭੇਜਦੇ ਹੋਏ ਅਪੀਲਕਰਤਾ ਨੂੰ ਸੂਚਿਤ ਕਰ ਦਿੱਤਾ ਗਿਆ ਸੀ। ਇਸ ਉਪਰੰਤ ਪੱਤਰ ਮਿਤੀ 24-06-2019 ਰਾਹੀਂ ਸਿੱਖਿਆ ਵਿਭਾਗ ਵਲੋ ਉਨ੍ਹਾਂ ਦੇ ਦਫਤਰ ਪਾਸੋਂ ਸ਼ਿਕਾਇਤ ਨੰ: 256/119 ਲੁਧਿਆਣਾ ਵਿਰੁੱਧ ਪ੍ਰਿੰਸੀਪਲ ਅਤੇ ਮੈਨਜਮੈਂਟ ਸੈਕਰਡ ਹਾਰਟ ਕੌਨਵੈਂਟ ਸਕੂਲ ਮਾਛੀਵਾੜਾ ਦੀ ਕਾਪੀ ਮੰਗੀ ਗਈ ਸੀ ਜੋ ਕਿ ਉਨ੍ਹਾਂ ਨੂੰ ਪੱਤਰ ਮਿਤੀ 15-07-2019 ਰਾਹੀਂ ਸ਼ਿਕਾਇਤ ਦੀ ਕਾਪੀ ਵੀ ਸਿੱਖਿਆ ਵਿਭਾਗ ਨੂੰ ਭੇਜ ਦਿੱਤੀ ਗਈ ਸੀ। ਉਤਰਦਾਤਾ ਵਲੋਂ ਪੇਸ਼ ਕੀਤੀ ਗਈ ਵਿਸਥਾਰਪੂਰਵ ਰਿਪੋਰਟ ਅਨੁਸਾਰ ਇਸ ਅਪੀਲ ਕੇਸ ਦਾ ਸਬੰਧ ਸਿੱਖਿਆ ਵਿਭਾਗ ਨਾਲ ਹੋਣ ਕਾਰਨ ਸਬੰਧਤ ਵਿਭਾਗ ਨੂੰ ਟਰਾਂਸਫਰ ਕਰ ਦਿੱਤਾ ਗਿਆ ਸੀ ਜਿਸ ਤੇ ਸਬੰਧਤ ਵਿਭਾਗ ਵਲੋ਼ ਕਾਰਵਾਈ ਕੀਤੀ ਜਾਣੀ ਸੀ। ਇਸ ਲਈ ਅਪੀਲਕਰਤਾ ਵਲੋਂ ਉੱਤਰਦਾਤਾ (ਲੋਕ ਸੂਚਨਾ ਅਫਸਰ ) ਨੂੰ ਕੀਤੀ ਅਪੀਲ ਸਬੰਧੀ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 10 ਅਕਤੂਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਰਬਜੀਤ ਸਿੰਘ ਗਿੱਲ, (98884-90031)
ਮਕਾਨ ਨੰ: 60-35-ਪੀ-376-1,
ਗਲੀ ਨੰ:8, 8 ਮਹਾਂ ਸਿੰਘ ਨਗਰ,
ਡਾਕਖਾਨਾ ਢੰਡਾਰੀ ਕਲਾਂ, ਲੁਧਿਆਣਾ-141014. --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਵਿਜੀਲੈਂਸ ਬਿਊਰੋ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 2583 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਲਸ਼ੇਰ ਸਿੰਘ, ਏ.ਐਸ.ਆਈ. 98724-00335) ਅਤੇ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. (98888-14245)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-04-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ,ਵਿਜੀਲੈਂਸ ਬਿਊਰੋ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੁਧਿਆਣਾ ਦੇ ਸੋਸ਼ਲ ਵਰਕਰਾਂ ਅਤੇ ਇੱਕ ਵਕੀਲ , ਮੈਡਮ ਸ਼ਰੁਤੀ ਵੱਲੋਂ ਐਮ.ਸੀ. ਲੁਧਿਆਣਾ ਦੇ ਕੁੱਝ ਅਫਸਰਾਂ ਵੱਲੋਂ ਆਪਣੇ ਰਿਸ਼ਤੇਦਾਰਾਂ ਨੂੰ ਗੈਰਕਾਨੂੰਨੀ ਢੰਗ ਨਾਲ ਕੁੱਝ ਕਰਮਚਾਰੀ ਅਤੇ ਖਾਸ ਕਰਕੇ ਜੂਨੀਅਰ ਡਰਾਫਟਸਮੈਨ ਨਿਯੁਕਤ ਕਰਨ ਸਬੰਧੀ ਉੱਚ ਅਧਿਕਾਰੀਆਂ ਨੂੰ ਪੇਸ਼ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 17-09-2019 ਅਪੀਲਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਗੁਲਸ਼ੇਰ ਸਿੰਘ, ਏ.ਐਸ.ਆਈ. ਨੇ ਜਵਾਬ ਪੇਸ਼ ਕੀਤਾ ਸੀ ਜੋ ਕਿ ਵਾਚਣ ਤੇ ਸਹੀ ਨਹੀਂ ਪਾਇਆ ਗਿਆ ਅਤੇ ਉਸ ਨੂੰ ਵਾਪਸ ਕਰ ਦਿੱਤਾ ਗਿਆ ਸੀ ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ ਅਰਜ਼ੀ ਅਨੁਸਾਰ ਨੁਕਤਾਵਾਰ, ਵਿਸਥਾਰ-ਪੂਰਵਕ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਵਲੋਂ ਕੋਈ ਪੇਸ਼ ਨਹੀਂ ਹੋਇਆ ਅਤੇ ਪਰ ਉਸ ਵਲੋਂ ਈ.ਮੇਲ ਰਾਹੀਂ ਭੇਜੇ ਆਪਣੇ ਪੱਤਰ ਮਿਤੀ 10-10-2019 ਜੋ ਮਿਸਲ ਤੇ ਰੱਖ ਲਿਆ ਗਿਆ ਹੈ ਵਿਚ ਦੱਸਿਆ ਗਿਆ ਕਿ ਉਸ ਨੂੰ ਬੁਖਾਰ ਹੈ ਜਿਸ ਕਾਰਨ ਉਹ ਹਾਜ਼ਰ ਨਹੀਂ ਹੋ ਸਕਦਾ।ਉਸ ਵਲੋਂ ਇਹ ਵੀ ਦਸਿਆ ਗਿਆ ਕਿ ਇਹ ਸੂਚਨਾ ਘਪਲੇ ਨਾਲ ਸਬੰਧਤ ਹੈ ਅਤੇ 200 ਦਿਨਾਂ ਦੀ ਡਿਲੇਅ ਹੋਣ ਕਾਰਨ ਆਰ.ਟੀ.ਐਕਟ ਮੁਤਾਬਿਕ ਜੁਰਮਾਨਾ ਲਾਉਂਦੇ ਹੋਏ ਅਪੀਲਕਰਤਾ ਨੂੰ ਹਰਜਾਨਾ ਦਵਾਇਆ ਜਾਵੇ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਗੁਲਸ਼ੇਰ ਸਿੰਘ, ਏ.ਐਸ.ਆਈ. ਅਤੇ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਵਲੋਂ ਲੋਕ ਸੂਚਨਾ ਅਫਸਰ ਦਾ ਪੱਤਰ ਮਿਤੀ 04-10-2019 ਜੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉਤਾਰਾ

ਪਰਤੋ ਜੀ -------ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**2583/2019

ਅਪੀਲਕਰਤਾ ਨੂੰ ਭੇਜਿਆ ਗਿਆ ਹੈ ਰਾਹੀਂ ਉਨ੍ਹਾਂ ਵਲੋਂ ਅਪੀਲਕਰਤਾ ਦੀ ਅਪੀਲ ਤੇ ਨੁਕਤਾਵਾਰ ਸੂਚਨਾ ਭੇਜ਼ ਦਿੱਤੀ ਗਈ ਹੈ। ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਅਪੀਲਕਰਤਾ ਪਿਛਲੀ ਮਿਤੀ ਤੇ ਹਾਜ਼ਰ ਨਹੀਂ ਹੋਇਆ ਅਤੇ ਅੱਜ ਵੀ ਬੁਖਾਰ ਕਾਰਨ ਹਾਜ਼ਰ ਨਹੀਂ ਹੋਇਆ । ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਨੂੰ ਮੰਗੀ ਗਈ ਨੁਕਤਾਵਾਰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ, ਜਿਸ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 10 **ਅਕਤੂਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**